ਕਾਨੜਾ ਮਹਲਾ ੫ ॥ ਸਾਧਸੰਗਤਿ ਨਿਧਿ ਹਰਿ ਕੋ ਨਾਮ ॥ ਸੰਗਿ ਸਹਾਈ ਜੀਅ ਕੈ ਕਾਮ ॥ ੧॥ ਰਹਾਉ ॥ ਸੰਤ ਰੇਨੁ ਨਿਤਿ ਮਜਨੁ ਕਰੈ ॥ ਜਨਮ ਜਨਮ ਕੇ ਕਿਲਬਿਖ ਹਰੈ ॥੧॥ ਸੰਤ ਜਨਾ ਕੀ ਊਚੀ ਬਾਨੀ ॥ ਸਿਮਰਿ ਸਿਮਰਿ ਤਰੇ ਨਾਨਕ ਪ੍ਰਾਨੀ ॥੨॥੨॥੧੩॥ {ਪੰਨਾ 1300}

ਪਦ ਅਰਥ:- ਨਿਧਿ—ਖ਼ਜ਼ਾਨਾ। ਕੋ—ਦਾ। ਸੰਗਿ—(ਹਰ ਵੇਲੇ) ਨਾਲ। ਸਹਾਈ—ਸਾਥੀ। ਕੈ ਕਾਮ—ਦੇ ਕੰਮ (ਆਉਂਦਾ ਹੈ)।1। ਰਹਾਉ।

ਰੇਨੁ—ਚਰਨ-ਧੂੜ। ਨਿਤਿ—ਸਦਾ। ਮਜਨੁ—ਇਸ਼ਨਾਨ। ਕਿਲਬਿਖ—ਪਾਪ। ਹਰੈ—ਦੂਰ ਕਰ ਲੈਂਦਾ ਹੈ।1।

ਊਚੀ ਬਾਨੀ—ਉੱਚਾ ਜੀਵਨ ਬਣਾਣ ਵਾਲੀ ਬਾਣੀ। ਸਿਮਰਿ—ਸਿਮਰ ਕੇ। ਤਾਰੇ—ਪਾਰ ਲੰਘ ਗਏ।2।

ਅਰਥ:- ਹੇ ਭਾਈ! ਗੁਰੂ ਦੀ ਸੰਗਤਿ ਵਿਚ (ਰਿਹਾਂ) ਪਰਮਾਤਮਾ ਦਾ ਨਾਮ-ਖ਼ਜ਼ਾਨਾ (ਮਿਲ ਜਾਂਦਾ ਹੈ, ਜੋ ਜੀਵ ਦੇ) ਨਾਲ (ਸਦਾ) ਸਾਥੀ ਬਣਿਆ ਰਹਿੰਦਾ ਹੈ ਜੋ ਜਿੰਦ ਦੇ (ਸਦਾ) ਕੰਮ ਆਉਂਦਾ ਹੈ।1। ਰਹਾਉ।

ਹੇ ਨਾਨਕ! ਜਿਹੜਾ ਮਨੁੱਖ ਸੰਤ ਜਨਾਂ ਦੀ ਚਰਨ-ਧੂੜ ਵਿਚ ਸਦਾ ਇਸ਼ਨਾਨ ਕਰਦਾ ਹੈ, ਉਹ ਆਪਣੇ ਅਨੇਕਾਂ ਜਨਮਾਂ ਦੇ ਪਾਪ ਦੂਰ ਕਰ ਲੈਂਦਾ ਹੈ।1।

ਹੇ ਨਾਨਕ! ਸੰਤ ਜਨਾਂ ਦੀ (ਮਨੁੱਖੀ ਜੀਵਨ ਨੂੰ) ਉੱਚਾ ਕਰਨ ਵਾਲੀ ਬਾਣੀ ਨੂੰ ਸਿਮਰ ਸਿਮਰ ਕੇ ਅਨੇਕਾਂ ਹੀ ਪ੍ਰਾਣੀ ਸੰਸਾਰ-ਸਮੁੰਦਰ ਤੋਂ ਪਾਰ ਲੰਘਦੇ ਆ ਰਹੇ ਹਨ।2। 2।13।